# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 03-11-2024**

ਅੱਜ ਦੇਸ਼ ਭਰ ਵਿੱਚ ਭਾਈ ਦੂਜ ਦਾ ਤਿਉਹਾਰ ਮਨਾਇਆ ਜਾ ਰਿਹਾ ਏ। ਦੀਵਾਲੀ ਤੋਂ ਦੋ ਦਿਨ ਬਾਅਦ ਮਨਾਇਆ ਜਾਂਦਾ ਇਹ ਦਿਨ ਪੰਜ ਦਿਨਾਂ ਲੰਮੇ ਤਿਉਹਾਰਾਂ ਦੀ ਸਮਾਪਤੀ ਨੂੰ ਦਰਸਾਉਂਦਾ ਏ। ਇਹ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਵੱਖ-ਵੱਖ ਨਾਵਾਂ ਨਾਲ ਜਾਣਿਆ ਜਾਂਦਾ ਏ, ਜਿਵੇਂ ਕਿ Bhai Phota, Bhaubeej, Bhai Tika ਅਤੇ Yama Dwitiya। ਇਸ ਦਿਨ ਭੈਣਾਂ ਆਪਣੇ ਭਰਾਵਾਂ ਦੇ ਮੱਥੇ 'ਤੇ ਟੀਕਾ ਲਾਉਂਦੀਆਂ ਨੇ ਅਤੇ ਉਨ੍ਹਾਂ ਦੀ ਸੁਰੱਖਿਆ ਅਤੇ ਲੰਮੀ ਉਮਰ ਦੀ ਕਾਮਨਾ ਕਰਦੀਆਂ ਨੇ। ਬਦਲੇ ਵਿੱਚ, ਭਰਾ ਆਪਣੀਆਂ ਭੈਣਾਂ ਦੀ ਰੱਖਿਆ ਕਰਨ ਅਤੇ ਉਨ੍ਹਾਂ ਦੀ ਦੇਖਭਾਲ ਕਰਨ ਦਾ ਵਾਅਦਾ ਕਰਦੇ ਨੇ।

---------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਭਾਈ ਦੂਜ ਦੇ ਮੌਕੇ 'ਤੇ ਸਾਰੇ ਦੇਸ਼

ਵਾਸੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਨੇ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਉਮੀਦ ਜ਼ਾਹਰ ਕੀਤੀ ਕਿ ਇਹ ਸ਼ੁਭ ਤਿਉਹਾਰ ਭੈਣ-ਭਰਾ ਵਿਚਕਾਰ ਪਿਆਰ ਨੂੰ ਹੋਰ ਗੂੜ੍ਹਾ ਕਰੇਗਾ।

--------------------------------------------------------

ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਵੀ ਭਾਈ ਦੂਜ ਦੇ ਪਵਿੱਤਰ ਤਿਉਹਾਰ ਦੇ ਮੌਕੇ 'ਤੇ ਸਾਰੇ ਦੇਸ਼ ਵਾਸੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਨੇ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਸ਼ਾਹ ਨੇ ਕਾਮਨਾ ਕੀਤੀ ਏ ਕਿ ਪਿਆਰ, ਸਮਰਪਣ ਅਤੇ ਸ਼ਰਧਾ ਦਾ ਇਹ ਤਿਉਹਾਰ, ਹਰ ਕਿਸੇ ਦੇ ਜੀਵਨ ਵਿੱਚ ਬੇਅੰਤ ਖੁਸ਼ੀਆਂ ਲੈ ਕੇ ਆਵੇ।

--------------------------------------------------------

ਜ਼ਿਲਾ ਫਤਹਿਗੜ੍ਹ ਸਾਹਿਬ ਦੇ ਸਰਹੰਦ ਰੇਲਵੇ ਸਟੇਸ਼ਨ ਨਜ਼ਦੀਕ ਬੀਤੀ ਦੇਰ ਰਾਤ ਕਰੀਬ ਸਾਢੇ 10  ਵਜੇ ਅੰਮ੍ਰਿਤਸਰ ਤੋਂ ਹਾਵੜਾ ਜਾ ਰਹੀ ਰੇਲਗੱਡੀ  ਦੇ ਡੱਬੇ ਵਿਚ ਧਮਾਕਾ ਹੋਣ ਨਾਲ ਚਾਰ ਮੁਸਾਫ਼ਰ  ਜਖਮੀ ਹੋ ਗਏ, ਜਿਨਾਂ ਵਿਚ ਤਿੰਨ ਮਰਦ ਤੇ ਇਕ ਔਰਤ ਸ਼ਾਮਿਲ ਨੇ । ਰੇਲਵੇ ਪੁਲਿਸ ਦੇ ਡੀ. ਐਸ. ਪੀ.  ਜਗਮੋਹਨ ਸਿੰਘ ਨੇ ਦੱਸਿਆ ਕਿ

ਜਖਮੀਆਂ ਨੂੰ ਇਲਾਜ ਲਈ ਸਿਵਲ ਹਸਪਤਾਲ ਫਤਿਹਗੜ੍ਹ ਸਾਹਿਬ ਵਿਖੇ ਦਾਖਲ ਕਰਵਾਇਆ ਗਿਆ ਏ। ਜਖਮੀ ਮੁਸਾਫ਼ਰ ਉਤਰ ਪ੍ਰਦੇਸ਼ ਤੇ ਬਿਹਾਰ ਨਾਲ ਸਬੰਧਤ ਦੱਸੇ ਜਾ ਰਹੇ ਨੇ। ਉਨ੍ਹਾਂ ਦਸਿਆ ਕਿ ਇਹ ਧਮਾਕਾ ਰੇਲ ਡੱਬੇ ਵਿਚ ਪਈ ਬਾਲਟੀ ਵਿਚ ਰੱਖੇ ਪਟਾਕਿਆ ਨੂੰ ਅੱਗ ਲੱਗਣ ਨਾਲ ਹੋਇਆ ਦੱਸਿਆ ਜਾ ਰਿਹਾ ਏ। ਸਿਵਲ ਹਸਪਤਾਲ ਦੇ ਸੀਨੀਅਰ ਮੈਡੀਕਲ ਅਫਸਰ ਕੰਵਲਦੀਪ ਸਿੰਘ ਨੇ ਦੱਸਿਆ ਕਿ ਜਖਮੀਆਂ ਦਾ ਇਲਾਜ ਕੀਤਾ ਜਾ ਰਿਹਾ ਤੇ ਉਨਾਂ ਦੀ ਹਾਲਤ ਖਤਰੇ ਤੋਂ ਬਾਹਰ ਏ।

---------------------------------------------------------

ਛੱਠ ਪੂਜਾ ਦੇ ਮੱਦੇਨਜ਼ਰ ਮੁਸਾਫਿਰਾਂ ਦੀ ਵੱਧਦੀ ਭੀੜ ਨੂੰ ਮੁੱਖ ਰੱਖਦਿਆਂ ਭਾਰਤੀ ਰੇਲਵੇ ਵਲੋਂ ਵਿਸ਼ੇਸ਼ ਰੇਲ ਗੱਡੀਆਂ ਚਲਾਈਆਂ ਜਾ ਰਹੀਆਂ ਨੇ। ਇਸ ਸਬੰਧ ਵਿਚ ਅੱਜ ਅੰਮ੍ਰਿਤਸਰ ਤੋਂ ਤਿੰਨ ਵਿਸ਼ੇਸ਼ ਰੇਲ ਗੱਡੀਆਂ ਬਿਹਾਰ ਦੇ ਛਪਰਾ ਤੇ ਕਟਿਹਾਰ ਲਈ ਸ਼ੁਰੂ ਕੀਤੀ ਗਈਆਂ ਨੇ। ਵਿਸ਼ੇਸ਼ ਰੇਲ ਗੱਡੀਆਂ ਦਾ ਸੰਚਾਲਨ ਫਿਰੋਜਪੁਰ ਰੇਲ ਮੰਡਲ ਵਲੋਂ ਕੀਤਾ ਜਾ ਰਿਹਾ ਏ। ਮੁਸਾਫਿਰਾਂ ਦੀ ਸਹੂਲਤ ਲਈ ਰੇਲਵੇ ਵਲੋਂ ਕੀਤੇ ਜਾਂ ਰਹੇ

ਵਿਸ਼ੇਸ਼ ਉਪਰਾਲੇ  ਤੋਂ ਰੇਲ ਯਾਤਰੀ ਖੁਸ਼ ਨਜ਼ਰ ਆ ਰਹੇ ਨੇ। ਵੱਖ-ਵੱਖ ਰੇਲ ਮੁਸਾਫਿਰਾਂ  ਨੇ ਗੱਲਬਾਤ ਦੌਰਾਨ ਅੰਮ੍ਰਿਤਸਰ ਦੇ ਰੇਲਵੇ ਸਟੇਸ਼ਨ ਦੀ ਸਾਫ-ਸਫਾਈ ਪ੍ਰਬੰਧ ਤੇ ਵਿਸ਼ੇਸ਼ ਰੇਲ ਗੱਡੀਆਂ ਚਲਾਉਣ ਦੇ ਉਪਰਾਲੇ ਤੇ ਖੁਸ਼ੀ ਦਾ ਪ੍ਰਗਟਾਵਾ ਕੀਤਾ।  ਰੇਲਵੇ ਅਧਿਕਾਰੀ ਪਰਮਦੀਪ ਸਿੰਘ ਸੈਣੀ ਨੇ ਦੱਸਿਆ ਕਿ ਯਾਤਰੀਆਂ ਦੀ ਸਹੂਲਤ ਲਈ ਵਿਸ਼ੇਸ਼ ਤੌਰ ਤੇ ਛੱਠ ਪੂਜਾ ਨੂੰ ਮੁੱਖ ਰੱਖਦਿਆਂ ਰੇਲਵੇ ਵਲੋਂ ਵਿਸ਼ੇਸ਼  ਰੇਲ ਗੱਡੀਆਂ ਆਰੰਭ ਕੀਤੀਆਂ ਜਾ ਰਹੀਆਂ ਨੇ।  ਜਿਸ ਤਹਿਤ ਅੱਜ ਅੰਮ੍ਰਿਤਸਰ ਤੋਂ ਤਿੰਨ ਰੇਲ ਗੱਡੀਆਂ ਚਲਾਈਆਂ ਜਾ ਰਹੀਆਂ ਨੇ ਤਾਂ ਜੋ ਮੁਸਾਫਿਰਾਂ ਨੂੰ ਕਿਸੇ ਵੀ ਤਰ੍ਹਾਂ ਦੀ ਮੁਸ਼ਕਿਲ ਦਾ ਸਾਹਮਣਾ ਨਾ ਕਰਨਾ ਪਵੇ।

-----------------------------------------------------------

ਪੰਜਾਬ ਵਿੱਚ ਸਰਹੱਦ ਪਾਰੋਂ ਨਸ਼ੀਲੇ ਪਦਾਰਥਾਂ ਦੀ ਤਸਕਰੀ ਦਾ ਸਿਲਸਿਲਾ ਖ਼ਤਮ ਹੁੰਦਾ ਨਹੀਂ ਨਜ਼ਰ ਆ ਰਿਹਾ। ਇਸ ਸਾਲ ਦੌਰਾਨ ਹੁਣ ਤੱਕ ਸੂਬੇ ਵਿੱਚ 1 ਹਜ਼ਾਰ ਕਿਲੋਗ੍ਰਾਮ ਤੋਂ ਵੱਧ ਹੈਰੋਇਨ ਬਰਾਮਦ ਕੀਤੀ ਜਾ ਚੁੱਕੀ ਏ। ਸੀਮਾ ਸੁਰੱਖਿਆ ਬਲ (BSF) ਅਤੇ ਪੰਜਾਬ ਪੁਲਸ ਦੋਵਾਂ ਨੇ ਰਾਜ ਵਿਚ ਅਤੇ ਸਰਹੱਦ ਦੇ ਨਾਲ-ਨਾਲ ਵੱਡੀ ਮਾਤਰਾ 'ਚ ਇਹ

ਨਸ਼ੀਲੇ ਪਦਾਰਥ ਬਰਾਮਦ ਕੀਤੇ ਨੇ ਅਤੇ 10 ਹਜ਼ਾਰ ਤੋਂ ਵੱਧ ਨਸ਼ਾ ਤਸਕਰਾਂ ਨੂੰ ਗ੍ਰਿਫਤਾਰ ਕੀਤਾ ਏ। ਪੰਜਾਬ ਨੂੰ ਨਸ਼ਿਆਂ ਦੀ ਅਲਾਮਤ ਤੋਂ ਬਚਾਉਣ ਲਈ ਦੋਵਾਂ ਬਲਾਂ ਵੱਲੋਂ ਕੀਤੀਆਂ ਜਾ ਰਹੀਆਂ ਪੁਰਜ਼ੋਰ ਕੋਸ਼ਿਸ਼ਾਂ ਦੇ ਬਾਵਜੂਦ ਹਾਲੇ ਵੀ ਅਜਿਹੇ ਨਸ਼ੀਲੇ ਪਦਾਰਥ ਅਤੇ ਹਥਿਆਰ ਨੌਜਵਾਨਾਂ ਤੱਕ ਪਹੁੰਚ ਰਹੇ ਨੇ ਅਤੇ ਸੂਬੇ ਵਿੱਚ ਅਪਰਾਧਾਂ ਨੂੰ ਜਨਮ ਦੇਣ ਦੇ ਨਾਲ-ਨਾਲ ਨੌਜੁਆਨਾਂ ਦੀਆਂ ਜ਼ਿੰਦਗੀਆਂ 'ਤੇ ਬੇਹਦ ਮਾੜਾ ਅਸਰ ਪਾ ਰਹੇ ਨੇ. --ਇੱਕ ਰਿਪੋਰਟ

----------------------------------------------------

ਵਿਜੀਲੈਂਸ ਬਿਉਰੋ ਵਲੋਂ ਭ੍ਰਿਸ਼ਟਾਚਾਰ ਨੂੰ ਖਤਮ ਕਰਨ ਲਈ ਵਿਸ਼ੇਸ਼ ਤੌਰ ਤੇ ਸਪਤਾਹ ਮਨਾਇਆ ਜਾ ਰਿਹਾ ਏ । ਇਸੇ ਲੜ੍ਹੀ ਤਹਿਤ ਮਲੋਟ ਵਿਖੇ ਵਿਜੀਲੈਂਸ ਬਿਉਰੋ ਵਲੋਂ ਭ੍ਰਿਸ਼ਟਾਚਾਰ ਵਿਰੁੱਧ ਚਲਾਈਆਂ ਜਾ ਰਹੀਆਂ ਗਤੀਵਿਧੀਆਂ ਸਬੰਧੀ ਲੋਕਾਂ ਨੂੰ ਜਾਗਰੂਕ ਕੀਤਾ ਗਿਆ । ਇਸ ਮੌਕੇ ਉਹਨਾਂ ਦੱਸਿਆ ਕਿ ਜੇਕਰ ਕੋਈ ਵਿਅਕਤੀ ਸਰਕਾਰੀ ਕੰਮ ਕਰਵਾਉਣ ਬਦਲੇ ਕੋਈ ਰਿਸ਼ਵਤ ਦੀ ਮੰਗ ਕਰਦਾ ਹੈ ਤਾਂ ਇਸ ਦੀ ਸੂਚਨਾਂ ਵਿਜੀਲੈਂਸ ਵਿਭਾਗ ਨੂੰ ਜਰੂਰ ਦਿੱਤੀ ਜਾਵੇ ।ਉਹਨਾਂ

ਦੱਸਿਆ ਕਿ ਭ੍ਰਿਸ਼ਟਾਚਾਰ ਖਤਮ ਕਰਨ ਲਈ ਵਿਭਾਗ ਵਲੋਂ ਐਂਟੀ ਕਰਪਸ਼ਨ ਐਕਸ਼ਨ ਲਾਈਨ ਨੰਬਰ ਵੀ ਜਾਰੀ ਕੀਤਾ ਹੋਇਆ ਏ । ਵਿਭਾਗ ਵਲੋਂ ਭ੍ਰਿਸ਼ਟਾਚਾਰ ਨੂੰ ਖਤਮ ਕਰਨ ਲਈ ਮਲੋਟ ਦੇ ਸਰਕਾਰੀ ਦਫਤਰਾਂ ਪਬਲਿਕ ਥਾਵਾਂ ਤੇ ਵਿਭਾਗ ਵਲੋਂ ਜਾਗਰੂਕਤਾ ਪੋਸਟਰ ਵੀ ਲਗਾਏ ਗਏ

---------------------------------------------------------------

ਮਾਲੇਰਕੋਟਲਾ ਦੇ ਡਿਪਟੀ ਕਮਿਸ਼ਨਰ ਡਾ ਪੱਲਵੀ ਤੇ ਐਸ.ਐਸ.ਪੀ. ਗਗਨ ਅਜੀਤ ਸਿੰਘ ਨੇ ਸਿਵਲ ਤੇ ਪੁਲਿਸ ਪ੍ਰਸਾਸ਼ਨ ਦੇ ਅਧਿਕਾਰੀਆਂ ਨਾਲ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿਚ ਜਾ ਕੇ ਕਿਸਾਨਾਂ ਨੂੰ ਪਰਾਲੀ ਨੂੰ ਅੱਗ ਨਾ ਲਗਾਉਣ ਬਾਰੇ ਪ੍ਰੇਰਿਤ ਕੀਤਾ । ਉਨ੍ਹਾਂ ਪਰਾਲੀ ਸਾੜਨ ਦੀ ਰੋਕਥਾਮ ਲਈ ਪ੍ਰਸ਼ਾਸਨ ਵਲੋਂ ਉਠਾਏ ਜਾ ਰਹੇ ਕਦਮਾਂ ਦੀ ਜਾਣਕਾਰੀ ਦਿੱਤੀ ਤੇ ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਲਈ ਜਾਗਰੂਕ ਕੀਤਾ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸਿਵਲ ਤੇ ਪੁਲਿਸ ਪ੍ਰਸ਼ਾਸਨ ਵਲੋਂ ਗਠਿਤ ਵਿਸ਼ੇਸ ਟੀਮਾਂ ਵਲੋਂ ਸੰਵੇਦਨਸ਼ੀਲ ਪਿੰਡਾਂ ਦਾ ਲਗਾਤਾਰ ਦੌਰਾ ਕੀਤਾ ਜਾ ਰਿਹਾ ਹੈ । ਇਹ ਟੀਮਾਂ ਪਿੰਡ-ਪਿੰਡ ਜਾ ਕੇ ਪਰਾਲੀ ਪ੍ਰਬੰਧਨ ਦੇ ਲਾਭ

ਅਤੇ ਪਰਾਲੀ ਸਾੜਨ ਨਾਲ ਹੋਣ ਵਾਲੇ ਨੁਕਸਾਨ ਪ੍ਰਤੀ ਕਿਸਾਨਾਂ ਨੂੰ ਜਾਗਰੂਕ ਕਰ ਰਹੀਆਂ ਹਨ। ਉਹ ਖੁਦ ਹਰ ਰੋਜ਼ ਇਸ ਸਬੰਧੀ ਸਮੀਖਿਆ ਕਰ ਰਹੇ ਹਨ ਕਿਉਂਕਿ ਜਿਲ੍ਹਾ ਪ੍ਰਸਾਸ਼ਨ ਅੱਗ ਲਗਾਉਣ ਦੀ ਘਟਨਾਵਾਂ ਨੂੰ ਰੋਕਣ ਲਈ ਪੂਰੀ ਤਰ੍ਹਾਂ ਗੰਭੀਰ ਹੈ । ਉਨ੍ਹਾਂ ਦੱਸਿਆ ਕਿ ਪੰਜਾਬ ਰਿਮੋਟ ਸੈਂਸਿੰਗ ਸੈਂਟਰ ਦੁਆਰਾ ਹੁਣ ਤੱਕ 48 ਅੱਗ ਲੱਗਣ ਦੀਆਂ ਘਟਨਾਵਾਂ ਦੀਆਂ ਸੂਚਨਾਵਾਂ ਸਾਂਝੀਆਂ ਕੀਤੀਆਂ ਗਈਆਂ ਹਨ।

ਉਨ੍ਹਾਂ ਦੱਸਿਆ ਕਿ ਕਿਸਾਨ ਵਲੋਂ ਖੇਤਾਂ ਵਿਚ ਪਰਾਲੀ ਨੂੰ ਅੱਗ ਲਗਾਉਣ ਨੂੰ ਸਖਤੀ ਨਾਲ ਨਜਿੱਠਣ ਲਈ ਅਤਿ-ਆਧੁਨਿਕ ਮਸ਼ੀਨਰੀ ਦੇ ਪੂਰੇ ਪੁਖ਼ਤਾ ਇੰਤਜਾਮ ਕੀਤੇ ਗਏ ਹਨ,ਇਸ ਦੇ ਬਾਵਜੂਦ ਵੀ ਜ਼ਿਲ੍ਹੇ ਵਿਚ 7 ਅੱਗ ਲੱਗਣ ਦੀਆਂ ਘਟਨਾਵਾਂ ਦੀ ਪੁਸਟੀ ਹੋਈ ਹੈ । ਅੱਗਾਂ ਲਗਾਉਣ ਵਾਲੇ ਕਿਸਾਨਾਂ ਨੂੰ 17,500 ਰੁਪਏ ਦਾ ਜੁਰਮਾਨਾ ਕਰਕੇ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਪੁਲਿਸ ਕੇਸ ਦਰਜ ਕਰਵਾਏ ਜਾ ਰਹੇ ਨੇ। ਉਣ ਲਈ ਉਪਚਾਰਿਕਤਾਵਾਂ ਨੂੰ ਆਰੰਭਿਆ ਗਿਆ ਹੈ।